TRANSLATION OF NO OBJECTION CERTIFICATE

NOTARY GOVT. OF INDIA

No. 3/10/09 - 3C3 - 262
Punjab Government
Educational Department
(Education -3 Branch)

The Principal
St. Xavier's School, Mansa Khurd
Dist – Mansa

Dated Chandigarh 3/2/2010

Subject: Releasing of No Objection Certificate from CBSE, New Delhi to St. Xavier's School, Mansa Khurd, Dist-Mansa

Dear Sir,

With reference to the above mentioned subject

1. We are ready to give you no objection certificate as you have submitted your affidavit, D.E.O (senior secondary) Mansa and director Education department (senior secondary) Punjab Chandigarh recommended about it. We will issue it with this condition if in future there is any inspection or any complain, which states that all the information given by you is wrong, and you are not following the rules given by Punjab Government from time to time, and then the no-objection certificate will be taken back.

2. Punjabi will be compulsory in your school till X[th] Std and CBSE will conduct the exam as per the same. If you do not abide by this rule your no-objection certificate will be taken back immediately.

3. After getting affiliation from CBSE New Delhi, School management will give Salary to the teaching and non teaching staff as given to the other Government. Employees if you do not abide by it the no – objection certificate will be taken back.

4. If any information is required by the D.E.O or senior officer of the Education Development then you are expected to provide the required information in and will help them if needed.

Special Secretary
School Education

Copy to:
Director education (secondary section)
Punjab Chandigarh.

With reference to memo no: 15/77 – 2009
Grant 1(4) 251 dated 24 – 12- 09 it is requires for the school once in five years and enquire whether they are following all the instructions given by Punjab Government.

PRINCIPAL
St. Xavier's School
Mansa Khurd
Distt. Mansa
Punjab-151505

ATTESTED
14 MAY 2010

ਨੰ: 3/10/09-3ਸਿ3 ≥ ੩੬੨

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸੇਂਟ ਜੇਵੀਅਰ ਸਕੂਲ, ਮਾਨਸਾ ਖੁਰਦ
ਜਿਲ੍ਹਾ ਮਾਨਸਾ।

ਮਿਤੀ,ਚੰਡੀਗੜ੍ਹ 3|2|2010

ਵਿਸ਼ਾ:- **ਸੇਂਟ ਜੇਵੀਅਰ ਸਕੂਲ, ਮਾਨਸਾ ਖੁਰਦ ਜਿਲ੍ਹਾ ਮਾਨਸਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

PRINCIPAL
St. Xavier's School
Mansa Khurd
Distt. Mansa
Punjab-151505

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 3/10/09-3ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/77-2009 ਗ੍ਰਾਂਟ 1(4)/251, ਮਿਤੀ 24-12-09 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਸੇਂਟ ਜੇਵੀਅਰ ਸਕੂਲ, ਮਾਨਸਾ ਖੁਰਦ ਜਿਲ੍ਹਾ ਮਾਨਸਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

PRINCIPAL
St. Xavier's School
Mansa Khurd
Distt. Mansa
Punjab-151505